**ਪ੍ਰਧਾਨ ਮੰਤਰੀ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨਾਲ ਕੀਤੀ ਮੁਲਾਕਾਤ (ਫਰਵਰੀ 26, 2026)**

26 ਫਰਵਰੀ 2026

ਇਜ਼ਰਾਈਲ ਦੀ ਆਪਣੀ ਰਾਜਕੀ ਯਾਤਰਾ 'ਤੇ, ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਫਰਵਰੀ 26, 2026 ਨੂੰ ਯੇਰੂਸ਼ਲਮ ਵਿੱਚ ਇਜ਼ਰਾਈਲ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀ ਬੈਂਜਾਮਿਨ ਨੇਤਨਯਾਹੂ ਨਾਲ ਅਧਿਕਾਰਤ ਗੱਲਬਾਤ ਕੀਤੀ।

2. ਦੋਵਾਂ ਪ੍ਰਧਾਨ ਮੰਤਰੀਆਂ ਨੇ ਭਾਰਤ-ਇਜ਼ਰਾਈਲ ਸਾਂਝੇਦਾਰੀ ਦੇ ਸਮੁੱਚੇ ਪਹਿਲੂਆਂ ਨੂੰ ਕਵਰ ਕਰਦੇ ਹੋਏ ਵਿਆਪਕ ਵਿਚਾਰ-ਵਟਾਂਦਰਾ ਕੀਤਾ। ਦੋਵਾਂ ਦੇਸ਼ਾਂ ਦੇ ਵਿਚਕਾਰ ਡੂੰਘੇ ਵਿਸ਼ਵਾਸ ਅਤੇ ਦੋਸਤੀ ਨੂੰ ਦਰਸਾਉਂਦੇ ਹੋਏ, ਆਗੂਆਂ ਨੇ ਦੁਵੱਲੇ ਸਬੰਧਾਂ ਨੂੰ "ਸ਼ਾਂਤੀ, ਇਨੋਵੇਸ਼ਨ ਅਤੇ ਖੁਸ਼ਹਾਲੀ ਲਈ ਵਿਸ਼ੇਸ਼ ਰਣਨੀਤਕ ਸਾਂਝੇਦਾਰੀ" ਤੱਕ ਲੈ ਜਾਣ ਦਾ ਫੈਸਲਾ ਕੀਤਾ। ਇਹ ਵਿਸਥਾਰ ਇੱਕ ਸੁਰੱਖਿਅਤ ਅਤੇ ਖੁਸ਼ਹਾਲ ਭਵਿੱਖ ਲਈ ਦੋਵੇਂ ਦੇਸ਼ਾਂ ਦੇ ਹਿੱਤਾਂ ਦੇ  ਇਕਜੁੱਟ ਹੋਣ ਅਤੇ ਸਾਂਝੇ ਦ੍ਰਿਸ਼ਟੀਕੋਣ ਦਾ ਪ੍ਰਤੀਕ ਹੈ।

3. ਦੋਵੇਂ ਆਗੂਆਂ ਨੇ ਸਾਰੇ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਵਿੱਚ ਹੋਈ ਪ੍ਰਗਤੀ 'ਤੇ ਤਸੱਲੀ ਪ੍ਰਗਟਾਈ ਅਤੇ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਪੁਲਾੜ, ਊਰਜਾ, ਮਹੱਤਵਪੂਰਨ ਤਕਨਾਲੋਜੀ, ਸਾਈਬਰ ਸੁਰੱਖਿਆ, ਸਿੱਖਿਆ, ਵਿਗਿਆਨਕ ਖੋਜ ਅਤੇ ਇਨੋਵੇਸ਼ਨ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਹੋਰ ਵਧਾਉਣ ਲਈ ਸਹਿਮਤੀ ਜਤਾਈ। ਉਨ੍ਹਾਂ ਨੇ ਖੇਤੀਬਾੜੀ, ਜਲ ਪ੍ਰਬੰਧਨ, ਸਟਾਰਟ-ਅੱਪ, ਫਿਨਟੈੱਕ, ਡਿਜ਼ੀਟਲ ਹੈਲਥਕੇਅਰ, ਬਾਇਓਟੈਕਨਾਲੋਜੀ ਅਤੇ ਐਡਵਾਂਸਡ ਫਾਰਮਾ ਵਿੱਚ ਭਾਰਤ-ਇਜ਼ਰਾਈਲ ਸਾਂਝੇਦਾਰੀ ਦੀ ਪਰਿਵਰਤਨਸ਼ੀਲ ਸੰਭਾਵਨਾ 'ਤੇ ਵੀ ਜ਼ੋਰ ਦਿੱਤਾ। ਦੋਵਾਂ ਆਗੂਆਂ ਨੇ ਗਤੀਸ਼ੀਲ ਸਾਂਝੇਦਾਰੀ ਦਾ ਵਿਸਤਾਰ ਕਰਨ ਲਈ ਨਵੀਆਂ ਪਹਿਲਕਦਮੀਆਂ ਦਾ ਸਵਾਗਤ ਕੀਤਾ, ਜੋ ਲੋਕਾਂ ਦਰਮਿਆਨ ਸੰਬੰਧਾਂ ਨੂੰ ਹੋਰ ਮਜ਼ਬੂਤ ਕਰਨਗੀਆਂ। ਪ੍ਰਸਤਾਵਿਤ ਫਰੀ ਟਰੇਡ ਐਗਰੀਮੈਂਟ ਨੂੰ ਜਲਦ ਅੰਤਿਮ ਰੂਪ ਦੇਣ ਦਾ ਸੱਦਾ ਦਿੰਦਿਆਂ ਉਨ੍ਹਾਂ ਨੇ ਕਿਹਾ ਕਿ ਦੁ਼ਵੱਲੀ ਨਿਵੇਸ਼ ਸੰਧੀ, ਭਾਰਤ-ਇਜ਼ਰਾਈਲ ਇਨੋਵੇਸ਼ਨ ਬ੍ਰਿਜ, ਖੇਤੀਬਾੜੀ ਲਈ ਭਾਰਤ-ਇਜ਼ਰਾਈਲ ਇਨੋਵੇਸ਼ਨ ਸੈਂਟਰ ਅਤੇ ਇੰਡੀਆ-ਇਜ਼ਰਾਈਲ ਇੰਡਸਟ੍ਰੀਅਲ ਆਰ ਐਂਡ ਡੀ ਅਤੇ ਇਨੋਵੇਸ਼ਨ ਫੰਡ ਦੋਵਾਂ ਦੇਸ਼ਾਂ ਦੇ ਵਿਚਕਾਰ ਆਰਥਿਕ, ਉੱਦਮਤਾ ਅਤੇ ਵਿਗਿਆਨਕ ਸਹਿਯੋਗ ਵਿੱਚ ਮਹੱਤਵਪੂਰਨ ਵਾਧਾ ਕਰੇਗਾ। ਉਨ੍ਹਾਂ ਨੇ ਏਆਈ, ਸੈਮੀਕੰਡਕਟਰ, ਕੁਆਂਟਮ ਅਤੇ ਹੋਰ ਅਤਿਆਧੁਨਿਕ ਤਕਨੀਕਾਂ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਮੰਗ ਕੀਤੀ, ਤਾਂ ਜੋ ਭਾਰਤ ਦੇ ਹੁਨਰਮੰਦ ਕਰਮਚਾਰੀਆਂ ਅਤੇ ਇਜ਼ਰਾਈਲ ਦੀ ਇਨੋਵੇਸ਼ਨ ਦਰਮਿਆਨ ਤਾਲਮੇਲ ਬਣਾਇਆ ਜਾ ਸਕੇ।

4. ਦੋਵਾਂ ਨੇਤਾਵਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਵੀ ਚਰਚਾ ਕੀਤੀ। ਪ੍ਰਧਾਨ ਮੰਤਰੀ ਨੇ ਗਾਜ਼ਾ ਸ਼ਾਂਤੀ ਯੋਜਨਾ ਲਈ ਆਪਣਾ ਸਮਰਥਨ ਦਿੱਤਾ ਅਤੇ ਉਮੀਦ ਜਤਾਈ ਕਿ ਇਹ ਪਹਿਲ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਲਿਆਏਗੀ। ਦੋਵਾਂ ਨੇਤਾਵਾਂ ਨੇ ਆਈਐਮਈਸੀ ਅਤੇ I2U2 ਪਹਿਲਕਦਮੀਆਂ ਬਾਰੇ ਦੋਵਾਂ ਦੇਸ਼ਾਂ ਦੇ ਵਿਚਕਾਰ ਹੋਰ ਸਹਿਯੋਗ ਦੀ ਵੀ ਮੰਗ ਕੀਤੀ. ਉਨ੍ਹਾਂ ਨੇ ਅੱਤਵਾਦ ਵਿਰੁੱਧ ਵਿਸ਼ਵਵਿਆਪੀ ਲੜਾਈ ਨੂੰ ਮਜ਼ਬੂਤ ਕਰਨ ਸਬੰਧੀ ਆਪਣਾ ਸੰਕਲਪ ਵੀ ਪ੍ਰਗਟ ਕੀਤਾ। ਪ੍ਰਧਾਨ ਮੰਤਰੀ ਨੇ ਅੱਤਵਾਦ ਵਿਰੁੱਧ ਭਾਰਤ ਦੀ ਲੜਾਈ ਵਿੱਚ ਇਜ਼ਰਾਈਲ ਵੱਲੋਂ ਦਿੱਤੇ ਗਏ ਸਮਰਥਨ ਲਈ ਪ੍ਰਧਾਨ ਮੰਤਰੀ ਨੇਤਨਯਾਹੂ ਦਾ ਧੰਨਵਾਦ ਕੀਤਾ।

5. ਗੱਲਬਾਤ ਤੋਂ ਬਾਅਦ, ਕਈ ਸਮਝੌਤਿਆਂ ਅਤੇ ਸਹਿਮਤੀ ਪੱਤਰਾਂ ਦਾ ਅਦਾਨ-ਪ੍ਰਦਾਨ ਕੀਤਾ ਗਿਆ [ਲਿੰਕ]। ਰਾਜਕੀ ਯਾਤਰਾ ਮੌਕੇ 'ਤੇ ਦੁਵੱਲੀ ਸਾਂਝੇਦਾਰੀ ਲਈ ਭਵਿੱਖੀ ਕਾਰਵਾਈ ਦੀ ਰੂਪਰੇਖਾ ਦੇਣ ਵਾਲਾ ਇੱਕ ਸੰਯੁਕਤ ਬਿਆਨ ਪੇਸ਼ ਕੀਤਾ ਗਿਆ [ਲਿੰਕ]।

6. ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਨੇਤਨਯਾਹੂ ਦਾ ਉਨ੍ਹਾਂ ਦੇ ਨਿੱਘ ਅਤੇ ਮਹਿਮਾਨ ਨਿਵਾਜ਼ੀ ਲਈ ਧੰਨਵਾਦ ਕੀਤਾ।

ਯੇਰੂਸ਼ਲਮ

26 ਫਰਵਰੀ 2026